# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 25-05-2024**

ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਵਿਚ ਵੀ ਚੋਣ ਪ੍ਰਚਾਰ ਹੁਣ ਪੂਰੀਆਂ ਤਰ੍ਹਾਂ ਨਾਲ ਭਖ ਗਿਆ ਏ। ਕਈ ਕੌਮੀ ਪਾਰਟੀਆਂ ਦੇ ਆਗੂ ਪ੍ਰਚਾਰ ਲਈ, ਅਗਲੇ ਕੁਝ ਦਿਨਾਂ ਵਿਚ ਪੰਜਾਬ ਆ ਰਹੇ ਨੇ। ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਸੂਬੇ ਵਿਚ ਪਿਛਲੇ ਦੋ ਦਿਨ ਤਕ ਜ਼ੋਰਦਾਰ ਪ੍ਰਚਾਰ ਕੀਤਾ ਏ। ਏਧਰ ਕਾਂਗਰਸ ਪਾਰਟੀ ਦੇ ਆਗੂ ਰਾਹੁਲ ਗਾਂਧੀ ਅੱਜ ਅੰਮ੍ਰਿਤਸਰ ਆ ਰਹੇ ਨੇ। ਇਸ ਤੋਂ ਅਲਾਵਾ 29 ਮਈ ਨੂੰ ਪਟਿਆਲਾ ਤੇ ਲੁਧਿਆਣਾ ਲੋਕਸਭਾ ਹਲਕੇ ਵਿਚ ਵੀ ਉਨਾਂ ਦੀਆਂ ਰੈਲੀਆਂ ਕਰਵਾਉਣ ਦਾ ਪ੍ਰੋਗਰਾਮ ਉੱਲੀਕਿਆ ਜਾ ਰਿਹਾ ਏ। ਕਾਂਗਰਸ ਆਗੂ ਪ੍ਰਿਯੰਕਾ ਗਾਂਧੀ ਦੀ ਰੈਲੀ 26 ਮਈ ਨੂੰ, ਸ਼੍ਰੀ ਫਤਹਿਗੜ੍ਹ ਸਾਹਿਬ ਅਤੇ ਜਲੰਧਰ ਵਿਚ ਕਰਵਾਉਣ ਦੀ ਤਿਆਰੀ ਚੱਲ ਰਹੀ ਏ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ

ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅੱਜ ਅੰਮ੍ਰਿਤਸਰ ਤੇ ਤਰਨਤਾਰਨ ਲੋਕਸਭਾ ਹਲਕਿਆਂ ਵਿਚ ਚੋਣ ਪ੍ਰੋਗਰਾਮ ਨੇ।

-----------------------------------------------------

ਲੁਧਿਆਣਾ ਦੇ ਡਿਪਟੀ ਚੋਣ ਕਮਿਸ਼ਨਰ ਹਿਰਦੇਸ਼ ਕੁਮਾਰ ਦੀ ਅਗਵਾਈ ਵਿੱਚ ਚੋਣ ਕਮਿਸ਼ਨ ਦੇ ਇੱਕ ਟੀਮਾਂ ਨੇ ਕੱਲ ਚੋਣ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਦੇ ਨਾਲ ਚੋਣ ਕਮਿਸ਼ਨ ਦੇ ਸਕੱਤਰ ਸੌਮਿਆ-ਜੀਤ ਘੋਸ਼, ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ, ਰਾਜ ਪੁਲਿਸ ਨੋਡਲ ਅਫ਼ਸਰ ਐਮ.ਐਫ. ਫਾਰੂਕੀ ਅਤੇ ਹੋਰ ਅਧਿਕਾਰੀ ਮੌਜੂਦ ਰਹੇ। ਟੀਮ ਨੇ ਸਾਰੇ ਚੋਣ ਅਬਜ਼ਰਵਰਾਂ, ਜ਼ਿਲ੍ਹਾ ਚੋਣ ਅਫ਼ਸਰਾਂ, ਪੁਲਿਸ ਕਮਿਸ਼ਨਰਾਂ, ਜ਼ੋਨਲ ਕਮਿਸ਼ਨਰਾਂ, ਡੀ.ਆਈ.ਜੀ ਸੀਨੀਅਰ ਪੁਲਿਸ ਕਪਤਾਨਾਂ ਨੂੰ ਜ਼ਿਲ੍ਹਿਆਂ ਵਿੱਚ ਖਾਸ ਤੌਰ 'ਤੇ ਅੰਤਰ-ਰਾਜੀ ਖੇਤਰਾਂ ਦੀਆਂ ਸਰਹੱਦਾਂ ਤੋਂ ਗੈਰ-ਕਾਨੂੰਨੀ ਨਕਦੀ, ਸ਼ਰਾਬ, ਨਸ਼ੀਲੇ ਪਦਾਰਥਾਂ ਜਾਂ ਮੁਫ਼ਤ ਵਸਤਾਂ ਦੀ ਤਸਕਰੀ ਨੂੰ ਰੋਕਣ ਲਈ ਨਿਗਰਾਨੀ ਵਧਾਉਣ ਦੇ ਨਿਰਦੇਸ਼ ਅਤੇ ਅੰਤਰ-ਰਾਸ਼ਟਰੀ ਸਰਹੱਦ ਦੇ ਨੇੜੇ ਡਰੋਨ ਗਤੀਵਿਧੀ ਦੀ ਜਾਂਚ ਲਈ ਚੌਕਸੀ ਵਧਾਉਣ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਟੀਮ ਨੇ

ਅਧਿਕਾਰੀਆਂ ਨੂੰ ਆਜ਼ਾਦ, ਨਿਰਪੱਖ, ਸ਼ਾਂਤੀਪੂਰਨ ਅਤੇ ਭੈਅ-ਮੁਕਤ ਚੋਣਾਂ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਟੀਮ ਨੂੰ ਭਰੋਸਾ ਦਿੱਤਾ ਕਿ ਉਹ ਪਹਿਲੀ ਜੂਨ ਨੂੰ ਚੋਣਾਂ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣਾ ਯਕੀਨੀ ਬਣਾਉਣਗੇ।

--------------------------------------------------------

ਲੋਕ ਸਭਾ ਚੋਣਾਂ ਵਿੱਚ ਵੋਟਾਂ ਫ਼ੀਸਦ ਵਧਾਉਣ ਲਈ ਜ਼ਿਲ੍ਹਾ ਚੋਣ ਅਫ਼ਸਰ ਅਤੇ ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਤਹਿਤ ਕੇਂਦਰੀ ਸੰਚਾਰ ਬਿਊਰੋ CBC ਜਲੰਧਰ ਵੱਲੋਂ ਸਵੀਪ ਤਹਿਤ ਸੋਡਲ ਰੋਡ ਸਥਿਤ ਦੇਵੀ ਸਹਾਏ ਐੱਸ. ਡੀ. ਸੀਨੀਅਰ ਸੈਕੰਡਰੀ ਸਕੂਲ  ਵਿਖੇ ਕਲ ਫਲੈਸ਼ ਮੋਬ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਵੋਟਰਾਂ ਨੂੰ ਦੇਸ਼ ਦੀ ਤਰੱਕੀ ਲਈ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਜਾਗਰੂਕ ਕਰਨ ਲਈ ਪ੍ਰਦਰਸ਼ਨ ਕੀਤਾ। ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਕੋਰੀਓਗ੍ਰਾਫਰ ਜਸਪ੍ਰੀਤ ਸਿੰਘ ਦੀ ਅਗਵਾਈ ਵਿੱਚ ਕਲਾਕਾਰਾਂ ਦੀ ਟੀਮ ਨੇ ਰਾਹਗੀਰਾਂ ਨੂੰ ਵੋਟ ਪਾਉਣ ਦਾ

ਸੁਨੇਹਾ ਦੇਣ ਲਈ ਸਕੂਲ ਦੇ ਬਾਹਰ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। 'ਜਲੰਧਰ ਇਕ ਗਲ ਨੋਟ ਕਰ, ਇਕ ਜੂਨ ਨੂੰ ਵੋਟ ਕਰ' ਦੇ ਸੁਨੇਹੇ ਨਾਲ ਭੰਗੜੇ ਦੀ ਪੇਸ਼ਕਾਰੀ ਵੀ ਕੀਤੀ ਗਈ। CBC ਦੇ ਫੀਲਡ ਪਬਲੀਸਿਟੀ ਅਫਸਰ ਰਾਜੇਸ਼ ਬਾਲੀ ਨੇ ਦੱਸਿਆ ਕਿ ਉਨ੍ਹਾਂ ਦਾ ਵਿਭਾਗ , ਜ਼ਿਲ੍ਹਾ ਚੋਣ ਅਫਸਰ ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿੱਚ ਸਾਂਝੇ ਤੌਰ ’ਤੇ ਅਜਿਹੀਆਂ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ ਕਰ ਰਿਹਾ ਏ। ਸਕੂਲ ਦੇ ਪ੍ਰਿੰਸੀਪਲ ਸੰਜੀਵ ਸ਼ਰਮਾ ਨੇ ਹਾਜ਼ਰ ਸਮੂਹ ਲੋਕਾਂ ਨੂੰ ਵੋਟ ਪਾਉਣ ਬਾਰੇ ਸਹੁੰ ਚੁਕਾਈ।

--------------------------------------------------

ਪੰਜਾਬ ਵਿਚ ਕਹਿਰ ਢਾਹ ਰਹੀ ਗਰਮੀ ਦੇ ਵਿਚਕਾਰ ਬੀਤੀ ਰਾਤ ਹਨੇਰੀ ਦੇ ਨਾਲ-ਨਾਲ ਹਲਕੇ ਮੀਂਹ ਨੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਿੱਤੀ। ਇਸ ਕਾਰਨ ਪੰਜਾਬ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਤਾਪਮਾਨ ਵਿੱਚ 4 ਤੋਂ 5 ਡਿਗਰੀ ਦੀ ਗਿਰਾਵਟ ਦੇਖਣ ਨੂੰ ਮਿਲੀ ਏ। ਅੰਮ੍ਰਿਤਸਰ, ਪਟਿਆਲਾ, ਜਲੰਧਰ, ਹੁਸ਼ਿਆਰਪੁਰ, ਮੋਗਾ ਅਤੇ ਪਠਾਨਕੋਟ ਸਮੇਤ ਹੋਰ ਕਈ ਜ਼ਿਲਿਆਂ ਵਿੱਚ ਤੇਜ਼ ਹਨੇਰੀ ਅਤੇ ਗਰਜ ਨਾਲ ਹਲਕਾ ਮੀਂਹ

ਪਿਆ। ਹਨ੍ਹੇਰੀ ਝੱਖੜ ਨਾਲ ਕਈ ਥਾਵਾਂ ਤੇ ਸਾਈਨ ਬੋਰਡ ਤੇ ਰੁੱਖ ਉੱਖੜ ਗਏ ਅਤੇ ਬਿਜਲੀ ਗੁੱਲ ਹੋ ਗਈ । ਹਾਲਾਂਕਿ ਮੌਸਮ ਵਿਭਾਗ ਮੁਤਾਬਕ ਆਉਂਦੇ ਦਿਨ੍ਹਾਂ ਵਿਚ ਗਰਮੀ ਦੇ ਹੋਰ ਵਧਣ ਦੀ ਸੰਭਾਵਨਾ ਏ । ਮੌਸਮ ਵਿਭਾਗ ਅਨੁਸਾਰ ਅਗਲੇ 4 ਤੋਂ 5 ਦਿਨਾਂ ਦੌਰਾਨ ਖੁਸ਼ਕ ਮੌਸਮ ਬਣੇ ਰਹਿਣ ਦੀ ਸੰਭਾਵਨਾ ਏ । ਤਾਪਮਾਨ ਦੇ ਹਿਸਾਬ ਨਾਲ ਬਠਿੰਡਾ ਤੇ ਅੰਮ੍ਰਿਤਸਰ ਦਾ ਵੱਧ ਤੋਂ ਵੱਧ ਤਾਪਮਾਨ 42.4 ਡਿਗਰੀ ਦਰਜ ਕੀਤਾ ਗਿਆ । ਜਿਸਦੇ ਚਲਦਿਆਂ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਕਰਨਾ ਪੈ ਰਿਹਾ ।

--------------------------------------------------------------

ਓਧਰ ਮਾਲਵਾ ਪੱਟੀ ਵਿਚ ਜੇਠ ਮਹੀਨੇ ਦੀ ਗਰਮੀ ਨੇ ਆਪਣੇ ਰੰਗ ਦਿਖਾਉਣੇ ਸ਼ੁਰੂ ਕਰ ਦਿੱਤੇ ਨੇ । ਮਾਨਸਾ ਖੇਤੀਬਾੜੀ ਮਹਿਕਮੇ ਵਲੋਂ ਵੀ ਕਿਸਾਨਾਂ ਨੂੰ ਆਪਣੀ ਫ਼ਸਲ ਬਚਾਉਣ ਲਈ ਲਗਾਤਾਰ ਪਾਣੀ ਦੇਣ ਦਾ ਸੱਦਾ ਦਿੱਤਾ ਗਿਆ ਏ । ਖੇਤੀ ਮਾਹਿਰਾਂ ਦਾ ਕਹਿਣਾ ਏ ਕਿ ਤਾਪਮਾਨ ਜ਼ਿਆਦਾ ਹੋਣ ਕਾਰਨ ਨਿੱਕੀਆਂ ਫਸਲਾਂ ਤੋਂ ਗਰਮੀ ਸਹਾਰੀ ਨਹੀ ਜਾ ਰਹੀ । ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਲੋਂ ਲਗਾਤਾਰ

ਸਬਜੀਆਂ,ਪਸ਼ੂਆਂ ਦਾ ਹਰਾ ਚਾਰਾ ਅਤੇ ਨਰਮੇ ਦੀ ਛੋਟੀ ਫਸਲ ਨੂੰ ਪਾਣੀ ਲਾਉਣ ਲਈ ਕਿਸਾਨਾਂ ਨੂੰ ਪ੍ਰੇਰਿਆ ਜਾ ਰਿਹਾ ਏ।